**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 04-11-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਆਪਣੇ ਉੱਤਰਾਖੰਡ ਦੌਰੇ ਦੇ ਤੀਜੇ ਅਤੇ ਆਖਰੀ ਦਿਨ, ਨੈਨੀਤਾਲ ਵਿੱਚ, ਨੀਮ ਕਰੋਲੀ ਬਾਬਾ ਦੇ ਆਸ਼ਰਮ ਕੈਂਚੀ ਧਾਮ ਅਤੇ ਮਾਂ ਨੈਣਾ ਦੇਵੀ ਮੰਦਰ ਵਿੱਚ ਦਰਸ਼ਨ ਤੇ ਪੂਜਾ ਕੀਤੀ ਅਤੇ ਦੇਸ਼ ਦੀ ਖੁਸ਼ੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਇਸ ਦੌਰਾਨ, ਉਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ-ਸੇਵਾਮੁਕਤ ਗੁਰਮੀਤ ਸਿੰਘ ਵੀ ਮੌਜੂਦ ਸਨ। ਰਾਸ਼ਟਰਪਤੀ ਇਸ ਸਮੇਂ ਕੁਮਾਊਂ ਯੂਨੀਵਰਸਿਟੀ ਦੇ 20ਵੇਂ ਕਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਨੇ। ਉਹ ਅੰਡਰਗ੍ਰੈਜੁਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੂੰ ਤਮਗੇ ਪ੍ਰਦਾਨ ਕਰਨਗੇ।

---

ਪੰਜਾਬ ਵਿਧਾਨ ਸਭਾ ਦੀ 21-ਤਰਨ ਤਾਰਨ ਸੀਟ ਦੀ ਜ਼ਿਮਨੀ ਚੋਣ ਲਈ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਮਗਰੋਂ ਪੁਲਿਸ ਪ੍ਰਸ਼ਾਸਨ ਨੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 57 ਕਰੋੜ 47 ਲੱਖ ਰੁਪਏ ਤੋਂ

ਵੱਧ ਦੀ ਜ਼ਬਤੀ ਕੀਤੀ ਏ। ਤਫਸੀਲ ਅਨੁਸਾਰ ਹਲਕਾ ਤਰਨ ਤਾਰਨ ਵਿੱਚ 7 ਅਕਤੂਬਰ ਨੂੰ ਚੋਣ ਜ਼ਾਬਤਾ ਲਾਗੂ ਹੋਣ ਤੋਂ 3 ਨਵੰਬਰ ਤੱਕ ਪੰਜਾਬ ਪੁਲਿਸ ਵੱਲੋਂ 32 ਲੱਖ 89 ਹਜ਼ਾਰ 160 ਰੁਪਏ ਦੀ ਕੀਮਤ ਵਾਲੀ 51 ਹਜ਼ਾਰ 429 ਲੀਟਰ ਦੇ ਕਰੀਬ ਸ਼ਰਾਬ, 56 ਕਰੋੜ 67 ਲੱਖ 10 ਹਜ਼ਾਰ 500 ਰੁਪਏ ਦੀ ਕੀਮਤ ਵਾਲੇ 21 ਹਜ਼ਾਰ 811.10 ਗ੍ਰਾਮ ਨਸ਼ੀਲੇ ਪਦਾਰਥ, 9 ਲੱਖ 73 ਹਜ਼ਾਰ 480 ਰੁਪਏ ਦੀ ਨਕਦੀ ਅਤੇ 37 ਲੱਖ 85 ਹਜ਼ਾਰ 700 ਰੁਪਏ ਦੀ ਕੀਮਤ ਵਾਲੇ ਹੋਰ ਸਮਾਨ ਦੀ ਜ਼ਬਤੀ ਕੀਤੀ ਗਈ ਏ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਿਹਾ ਕਿ ਪੁਲਿਸ ਪ੍ਰਸ਼ਾਸਨ ਨੂੰ ਹਲਕਾ ਤਰਨ ਤਾਰਨ ਵਿੱਚ 24 ਘੰਟੇ ਨਾਕਿਆਂ ਉੱਤੇ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਹੋਏ ਨੇ ਤਾਂ ਜੋ ਗੈਰ-ਕਾਨੂੰਨੀ ਤਸਕਰੀ ਨੂੰ ਨੱਥ ਪਾਈ ਜਾ ਸਕੇ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਵੋਟਰਾਂ ਨੂੰ ਭਰਮਾਉਣ ਲਈ ਨਕਦੀ ਜਾਂ ਕਿਸੇ ਹੋਰ ਤਰ੍ਹਾਂ ਦਾ ਸਾਮਾਨ (ਫ੍ਰੀ ਬੀਜ਼) ਵੰਡਣ ਵਾਲਿਆਂ ਖਿਲਾਫ਼ ਵੀ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਇਆ ਗਿਆ ਏ।

--------------------------------------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ, ਸੱਚ ਦੇ ਰਾਹ ’ਤੇ ਚੱਲਣ ਦੇ ਸਿਧਾਂਤ ਅਤੇ

ਧਾਰਮਿਕ ਆਜ਼ਾਦੀ ਦੇ ਸੰਦੇਸ਼ ਨੂੰ ਸਮੁੱਚੀ ਮਨੁੱਖਤਾ ਤੱਕ ਪਹੁੰਚਾਉਣ ਲਈ ਗੁਰੂ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੂਬਾ ਪੱਧਰੀ ਸਮਾਗਮਾਂ ਦੀ ਸ਼ੁਰੂਆਤ ਕਰ ਦਿੱਤੀ ਗਈ ਏ। ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨਾਲ ਬੀਤੇ ਕੱਲ੍ਹ ਪੰਜਾਬ ਭਵਨ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਏ ਕਿ ਗੁਰੂ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਪੰਜਾਬ ਅਤੇ ਦੇਸ਼ ਦੇ ਹਰ ਕੋਨੇ ਤੱਕ ਜਾਣਕਾਰੀ ਪਹੁੰਚੇ। ਸਿੱਖਿਆ ਮੰਤਰੀ ਨੇ ਦੱਸਿਆ ਕਿ 10 ਨਵੰਬਰ ਤੋਂ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਨਰਸਰੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ 15-ਦਿਨਾਂ ਦਾ ਲਾਜ਼ਮੀ ਵਿਦਿਅਕ ਪਾਠਕ੍ਰਮ ਸ਼ੁਰੂ ਕੀਤਾ ਜਾਵੇਗਾ ਜਿਸ ਵਿਚ ਗੁਰੂ ਸਾਹਿਬ ਦੇ ਜੀਵਨ, ਸ਼ਹਾਦਤ ਤੇ ਖਾਲਸਾ ਪੰਥ ਦੀ ਸਿਰਜਣਾ ਬਾਰੇ ਦੱਸਿਆ ਜਾਵੇਗਾ। ਉਧਰ ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਅੱਜ ਪਠਾਨਕੋਟ ਦੇ ਲਮੀਨੀ ਸਟੇਡੀਅਮ, ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਰੂਪਨਗਰ ਦੇ ਚਰਨ ਗੰਗਾ ਸਟੇਡੀਅਮ, ਪਟਿਆਲਾ ਦੇ ਪੋਲੋ ਗਰਾਊਂਡ ਅਤੇ ਫਤਹਿਗੜ੍ਹ ਸਾਹਿਬ ਦੇ ਖੇਡ ਸਟੇਡੀਅਮ ਮਾਧੋਪੁਰ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ੁਰੂਆਤ ਹੋਵੇਗੀ, ਜਿਸ ਲਈ ਸਾਰੀਆਂ

ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। ਉਨ੍ਹਾਂ ਦੱਸਿਆ ਕਿ ਲਾਈਟ ਐਂਡ ਸਾਊਂਡ ਸ਼ੋਅ 20 ਨਵੰਬਰ ਤੱਕ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਜਾਰੀ ਰਹਿਣਗੇ।

--------------------------------------------------------------------------

ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਰਵਾਨਾ ਹੋਇਆ। ਨਗਰ ਕੀਰਤਨ ਦੀ ਆਰੰਭਤਾ ਅਰਦਾਸ ਗਿਆਨੀ ਅਤਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵੱਲੋਂ ਕੀਤੀ ਗਈ । ਇਸ ਮੌਕੇ ਸੰਗਤ ਵੱਲੋਂ ਵੱਖ-ਵੱਖ ਥਾਵਾਂ ਤੇ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਅਤੇ ਗੁਰੂ ਦੀਆਂ ਲਾਡਲੀਆਂ ਫੌਜਾਂ ਵੱਲੋਂ ਗੱਤਕੇ ਦੇ ਦਿਲਕਸ਼ ਜੌਹਰ ਵੀ ਦਿਖਾਏ ਗਏ । ਨਗਰ ਕੀਰਤਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਹੁੰਦਾ ਹੋਇਆ ਸਰਹਿੰਦ ਸ਼ਹਿਰ, ਸਰਹਿੰਦ ਮੰਡੀ, ਜੀ.ਟੀ ਰੋਡ ਬਾੜਾ ਤੋਂ ਵਾਪਸ ਚੁੰਗੀ ਨੰਬਰ ਚਾਰ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸ਼ਾਮ ਸਮੇਂ  ਸਮਾਪਤ ਹੋਵੇਗਾ ।

--------------------------------------------------------------------------

ਪੰਜਾਬ ਦੀਆਂ ਮੰਡੀਆਂ ਵਿੱਚ 104 ਲੱਖ ਮੀਟ੍ਰਿਕ ਟਨ ਝੋਨੇ ਦੀ ਚੁਕਾਈ ਦੇ ਨਾਲ ਲਿਫਟਿੰਗ ਦਾ ਅੰਕੜਾ 100 ਲੱਖ ਮੀਟ੍ਰਿਕ ਟਨ ਨੂੰ ਪਾਰ ਕਰ ਗਿਆ ਏ। ਫ਼ਸਲ ਦੀ ਤੇਜ਼ੀ ਨਾਲ ਖਰੀਦ ਅਤੇ ਚੁਕਾਈ ਨੂੰ ਸੂਬਾ ਸਰਕਾਰ ਦੀਆਂ ਕਿਸਾਨ-ਪੱਖੀ ਨੀਤੀਆਂ ਦਾ ਪ੍ਰਮਾਣ ਦੱਸਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਗਏ ਨੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸਾਨ, ਆੜ੍ਹਤੀਏ, ਮਜ਼ਦੂਰ ਸਮੇਤ ਕਿਸੇ ਵੀ ਭਾਈਵਾਲ ਨੂੰ ਕੋਈ ਮੁਸ਼ਕਲ ਦਰਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਫ਼ਸਲ ਦੀ ਅਦਾਇਗੀ ਦੇ ਮਾਮਲੇ ਵਿੱਚ ਕਿਸਾਨਾਂ ਦੇ ਖਾਤਿਆਂ ਵਿੱਚ 27 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਟਰਾਂਸਫ਼ਰ ਕੀਤੀ ਜਾ ਚੁੱਕੀ ਏ।

-----------------------------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਭਾਰਤ ਦੀ ਔਰਤਾਂ ਦੀ ਕ੍ਰਿਕਟ ਟੀਮ ਦੀਆਂ ਖਿਡਾਰਨਾਂ, ਸਹਾਇਕ ਅਮਲੇ ਅਤੇ ਚੋਣ ਕਮੇਟੀ ਨੂੰ ਇਤਿਹਾਸ ਵਿੱਚ, ਪਹਿਲੀ ਵਾਰ ICC ਦਾ ਔਰਤਾਂ ਦਾ ਵਿਸ਼ਵ ਕੱਪ ਜਿੱਤਣ ਦੀ ਇਤਿਹਾਸਕ ਪ੍ਰਾਪਤੀ ਲਈ ਸਨਮਾਨ ਵਜੋਂ 51 ਕਰੋੜ ਰੁਪਏ ਦੇ ਨਕਦ ਇਨਾਮ ਦਾ ਐਲਾਨ ਕੀਤਾ ਏ। ਬੋਰਡ ਨੇ ਇੱਕ ਬਿਆਨ ਵਿੱਚ ਕਿਹਾ ਕਿ

ਸਹਾਇਕ ਅਮਲੇ ਅਤੇ ਹਰੇਕ ਹਿੱਸੇਦਾਰ ਨੇ ਦੇਸ਼ ਭਰ ਦੇ ਲੱਖਾਂ ਪ੍ਰਸ਼ੰਸਕਾਂ ਦੀਆਂ ਇੱਛਾਵਾਂ ਪੂਰੀਆਂ ਕਰਦੇ ਹੋਏ, ਸ਼ਾਨਦਾਰ ਕਾਰਗੁਜ਼ਾਰੀ ਵਿਖਾਈ ਏ। ਇਸ ਇਤਿਹਾਸਕ ਜਿੱਤ 'ਤੇ, ਕ੍ਰਿਕਟ ਕੰਟਰੋਲ ਬੋਰਡ ਦੇ ਪ੍ਰਧਾਨ ਮਿਥੁਨ ਮਨਹਾਸ ਨੇ ਕਿਹਾ ਕਿ ਟੀਮ ਦੇ ਹੁਨਰ ਅਤੇ ਇਕਜੁੱਟਤਾ ਨੇ ਸਾਡੇ ਦੇਸ਼ ਦੀਆਂ ਉਮੀਦਾਂ ਨੂੰ ਵਧਾਇਆ ਏ ਅਤੇ ਇਹ ਜਿੱਤ, ਬੋਰਡ ਵੱਲੋਂ ਔਰਤਾਂ ਦੇ ਇੱਕ ਵਿਸ਼ਵ ਪੱਧਰੀ ਪ੍ਰੋਗਰਾਮ ਦੇ ਨਿਰਮਾਣ ਵਿੱਚ, ਕੀਤੇ ਗਏ ਨਿਵੇਸ਼ ਅਤੇ ਵਿਸ਼ਵਾਸ ਨੂੰ ਦਰਸਾਉਂਦੀ ਏ।

---------------------------------------------------------------------------